# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 02-07-2024**

ਕੇਂਦਰ ਸਰਕਾਰ ਨੇ ਰਾਸ਼ਟਰੀ ਪ੍ਰੀਖਿਆ ਏਜੰਸੀ - NTA ਵਿੱਚ ਮਜ਼ਬੂਤ ਤੰਤਰ ਵਿਕਸਿਤ ਕਰਨ ਲਈ ਵਿਦਿਆਰਥੀਆਂ ਅਤੇ ਮਾਪਿਆਂ ਤੋਂ ਸੁਝਾਅ ਅਤੇ ਫੀਡਬੈਕ ਮੰਗਿਆ ਏ। ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਏ, ਕਿ ਡਾ. ਰਾਧਾ-ਕ੍ਰਿਸ਼ਨਨ ਦੀ ਪ੍ਰਧਾਨਗੀ ਹੇਠ ਕਾਇਮ ਉੱਚ ਪੱਧਰੀ ਕਮੇਟੀ ਨੇ, ਪ੍ਰੀਖਿਆ ਪ੍ਰਕਿਰਿਆ ਅਤੇ ਡਾਟਾ ਸੁਰੱਖਿਆ ਪ੍ਰੋਟੋਕੋਲ ਅਤੇ ਰਾਸ਼ਟਰੀ ਪ੍ਰੀਖਿਆ ਏਜੰਸੀ ਦੇ ਢਾਂਚੇ ਅਤੇ ਕੰਮਕਾਜ ਵਿੱਚ ਸੁਧਾਰ ਲਈ, ਵਿਦਿਆਰਥੀਆਂ ਅਤੇ ਮਾਪਿਆਂ ਤੋਂ ਸੁਝਾਅ ਅਤੇ ਵਿਚਾਰ ਮੰਗੇ ਨੇ। ਇਹ ਸੁਝਾਅ 7 ਜੁਲਾਈ ਤੱਕ ਭੇਜੇ ਜਾ ਸਕਦੇ ਨੇ।

---

ਅਮਲਾ, ਜਨਤਕ ਸ਼ਿਕਾਇਤਾਂ ਅਤੇ ਪੈਨਸ਼ਨਾਂ ਬਾਰੇ ਰਾਜ ਮੰਤਰੀ, ਡਾ.

ਜਤਿੰਦਰ ਸਿੰਘ ਨੇ ਕੱਲ੍ਹ ਨਵੀਂ ਦਿੱਲੀ ਵਿੱਚ ਪਰਿਵਾਰਕ ਪੈਨਸ਼ਨਰਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ, ਇੱਕ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕੀਤੀ। ਸ਼ਿਕਾਇਤਾਂ ਦੇ ਨਿਪਟਾਰੇ ਲਈ 100 ਦਿਨਾਂ ਦੀ ਕਾਰਜ ਯੋਜਨਾ ਸ਼ੁਰੂ ਕੀਤੀ ਗਈ ਏ । ਇਸ ਤਹਿਤ ਇੱਕ ਮਹੀਨੇ ਦੀ ਵਿਸ਼ੇਸ਼ ਮੁਹਿੰਮ, 31 ਜੁਲਾਈ ਤੱਕ ਚੱਲੇਗੀ ।

---------------------------------------------------------

ਕੇਂਦਰ ਸਰਕਾਰ ਵਲੋਂ ਤਿਆਰ ਤਿੰਨ ਨਵੇਂ ਅਪਰਾਧਿਕ ਕਾਨੂੰਨ - ਭਾਰਤੀ ਨਿਆ ਸੰਹਿਤਾ- 2023, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ- 2023 ਅਤੇ ਭਾਰਤੀ ਸਾਕਸ਼ਯ ਅਧਿਨਿਯਮ- 2023, ਕੱਲ ਤੋਂ ਲਾਗੂ ਹੋ ਗਏ ਨੇ । ਮੋਹਾਲੀ ਜ਼ਿਲੇ ਦੇ ਕਾਨੂੰਨ ਮਾਹਰ, ਇਨਾਂ ਬਾਰੇ ਕਾਫੀ ਆਸਵੰਦ ਨੇ ਅਤੇ ਇਨਾਂ ਨੂੰ ਸਮੇਂ ਮੁਤਾਬਕ ਬਣਾਇਆ ਮੰਨਦੇ ਨੇ ।

---------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ, ਤਿੰਨ ਅਪਰਾਧਿਕ ਕਾਨੂੰਨ ਲਾਗੂ ਕਰਨ ਦਾ ਸਵਾਗਤ ਕੀਤਾ ਏ। ਇਕ ਬਿਆਨ ਵਿਚ ਉਨਾਂ ਕਿਹਾ ਕਿ ਨਵੇਂ

ਕਾਨੂੰਨਾਂ ਦਾ ਲਾਭ ਭਾਰਤ ਦੀ ਜਨਤਾ ਨੂੰ ਤਾਂ ਹੀ ਮਿਲੇਗਾ, ਜੇਕਰ ਸਮੇਂ ਦੀਆਂ ਕੇਂਦਰ ਤੇ ਸੂਬਾ ਸਰਕਾਰਾਂ ਅਤੇ ਕਾਨੂੰਨਾਂ ਨੂੰ ਲਾਗੂ ਕਰਨ ਵਾਲੀਆਂ ਏਜੰਸੀਆਂ, ਇਨ੍ਹਾਂ ਨੂੰ ਸਹੀ ਰੂਪ ਵਿਚ ਲਾਗੂ ਕਰਨਗੀਆਂ । ਉਨ੍ਹਾਂ ਕਿਹਾ ਕਿ ਬਿਨਾਂ ਪੱਖਪਾਤ ਤੇ ਪੂਰੀ ਨਿਰਪੱਖਤਾ ਨਾਲ ਲਾਗੂ ਕਰਨ ਨਾਲ ਹੀ, ਭਾਰਤ ਦੀ ਜਨਤਾ ਨੂੰ ਇਨਾਂ ਦਾ ਪੂਰਾ ਲਾਭ ਮਿਲ ਸਕਦਾ ਏ ।

---------------------------------------------------------

ਭਾਰਤ ਸਰਕਾਰ ਦੇ ਬਾਲ ਵਿਕਾਸ ਵਿਭਾਗ ਮੰਤਰਾਲਾ ਨੇ, "ਹਬ ਫਾਰ ਇਮਪਾਵੈਰਮੈਂਟ ਆਫ ਵੂਮੈਨ" ਤਹਿਤ, ਔਰਤਾਂ ਅਤੇ ਕੇਂਦਰਿਤ ਮੁਦਿਆਂ 'ਤੇ ਜਾਗਰੂਕਤਾ ਬਾਰੇ ਪਹੁੰਚ ਵਧਾਉਣ ਲਈ, 100 ਦਿਨਾਂ ਦੀ ਇਕ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਏ। ਦੇਸ਼ ਭਰ ਵਿਚ ਇਹ ਮੁਹਿੰਮ 21 ਜੂਨ ਤੋ 4 ਅਕਤੂਬਰ ਤਕ ਚਲਾਈ ਜਾ ਰਹੀ ਏ । ਇਸ ਤਹਿਤ ਪੰਜਾਬ ਸਮਾਜਿਕ ਸੁਰੱਖਿਆ ਅਤੇ ਔਰਤ ਤੇ ਬਾਲ ਵਿਕਾਸ ਵਿਭਾਗ ਦੀ ਡਾਇਰੈਕਟਰ ਸ਼ੇਨਾ ਅਗਰਵਾਲ ਦੀ ਅਗਵਾਈ ਹੇਠ, ਦੂਜੇ ਹਫਤੇ ਤਹਿਤ ਐਸ.ਏ.ਐਸ ਨਗਰ ਵਿਖੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਦਫਤਰ ਵਲੋਂ ਆਂਗਣਵਾੜੀ ਸੈਂਟਰ ਸੋਹਾਣਾ ਵਿਖੇ, ਪੀ.ਸੀ.-

ਪੀ.ਐਨ.ਡੀ.ਟੀ. ਐਕਟ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ ਅਨੁਸਾਰ ਇਸ ਦੌਰਾਨ ਮਿਸ਼ਨ ਸ਼ਕਤੀ ਡੀ.ਐਚ.ਈ.ਡਬਲਯੂ ਦੇ ਜ਼ਿਲ੍ਹਾ ਕੋਆਰਡੀਨੇਟਰ ਰਜਨੀਤ ਕੌਰ ਨੇ, ਐਕਟ ਤਹਿਤ ਆਂਗਣਵਾੜੀ ਵਰਕਰਾਂ ਨਾਲ ਜਾਣਕਾਰੀ ਸਾਂਝੀ ਕੀਤੀ ਅਤੇ ਵਰਕਰਾਂ ਨੂੰ ਜਮੀਨੀ ਪੱਧਰ ‘ਤੇ ਆਮ ਲੋਕਾਂ ਤਕ ਇਸ ਨੂੰ ਪਹੁੰਚਾਉਣ ਲਈ ਪ੍ਰੇਰਿਤ ਕੀਤਾ, ਤਾਂ ਜੋ ਸਮਾਜ ਵਿਚ ਭਰੂਣ ਹੱਤਿਆ ਦੀ ਸਮੱਸਿਆ ਪ੍ਰਤੀ ਲੋਕਾਂ ਨੂੰ ਜਾਗਰੂਕ ਕੀਤਾ ਜਾ ਸਕੇ।

---------------------------------------------------------

ਹਰਿਆਣਾ ਦੇ ਕਰਨਾਲ ਵਿਖੇ, ਤਰਾਵੜੀ ਰੇਲਵੇ ਸਟੇਸ਼ਨ ਨੇੜੇ ਅੱਜ ਸਵੇਰੇ ਚੱਲਦੀ ਮਾਲ ਗੱਡੀ ਤੋਂ ਕਰੀਬ 10 ਕੰਟੇਨਰ ਰੇਲ ਲਾਈਨ ਤੇ ਡਿੱਗ ਗਏ। ਕੰਟੇਨਰ ਡਿੱਗਣ ਕਾਰਨ ਬਿਜਲੀ ਦੀਆਂ ਲਾਈਨਾਂ ਅਤੇ ਰੇਲਵੇ ਪਟੜੀਆਂ ਨੂੰ ਨੁਕਸਾਨ ਪੁੱਜਾ ਏ।

ਰੇਲਵੇ ਅਧਿਕਾਰੀਆਂ ਨੇ ਦਿੱਲੀ ਅਤੇ ਅੰਮ੍ਰਿਤਸਰ ਵਿਚਾਲੇ ਚੱਲਣ ਵਾਲੀਆਂ ਰੇਲ ਗਡੀਆਂ ਨੂੰ ਬਦਲਵੇ ਰੂਟਾਂ ਰਾਹੀਂ ਭੇਜਿਆ ਜਾ ਰਿਹਾ ਏ। ਸੂਚਨਾ ਮਿਲਣ ਤੋਂ ਬਾਅਦ, ਸਰਕਾਰੀ ਰੇਲਵੇ ਪੁਲਿਸ ਅਤੇ ਰੇਲਵੇ

ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਕੰਟੇਨਰਾਂ ਨੂੰ ਟਰੈਕ ਤੋਂ ਹਟਾਉਣ ਦਾ ਕੰਮ ਕੀਤਾ ਜਾ ਰਿਹਾ ਏ।

------------------------------------------------------------

ਫਾਜ਼ਿਲਕਾ ਜ਼ਿਲੇ ਵਿਚ ਭਾਰਤ- ਪਾਕਿਸਤਾਨ ਸਰਹੱਦੀ ਖੇਤਰ 'ਚ ਬੀ.ਓ.ਪੀ. ਸਾਦਕੀ ਨੇੜੇ, ਪਾਕਿਸਤਾਨ ਵਾਲੇ ਪਾਸਿਓਂ ਘੁਸਪੈਠ ਦੀ ਕੋਸ਼ਿਸ਼ ਨੂੰ, ਸਰਹੱਦ 'ਤੇ ਤਾਇਨਾਤ ਬੀ.ਐੱਸ.ਐੱਫ. ਦੇ ਜਵਾਨਾਂ ਨੇ ਨਾਕਾਮ ਕਰ ਦਿੱਤਾ। ਪਾਕਿਸਤਾਨ ਸਰਹੱਦ ਵਲੋਂ ਭਾਰਤ ਵੱਲ ਆ ਰਹੇ ਇਕ ਘੁਸਪੈਠੀਏ ਨੂੰ, ਬੀ.ਐੱਸ.ਐੱਫ. ਨੇ ਰੁਕਣ ਦਾ ਇਸ਼ਾਰਾ ਕੀਤਾ, ਪਰ ਇਸ ਦੇ ਬਾਵਜੂਦ ਜਦੋਂ ਉਹ ਭਾਰਤੀ ਇਲਾਕੇ ਵਿਚ ਦਾਖਲ ਹੋਣ ਲੱਗਾ ਤਾਂ ਜਵਾਨਾਂ ਨੇ ਗੋਲੀ ਚਲਾਈ। ਉਸ ਨੂੰ ਤਿੰਨ ਗੋਲੀਆਂ ਲੱਗੀਆਂ ਅਤੇ ਉਸ ਦੀ ਮੌਤ ਹੋ ਗਈ। ਬੀ.ਐੱਸ.ਐੱਫ. ਦੇ ਅਧਿਕਾਰੀ ਕੇ. ਐਨ. ਤ੍ਰਿਪਾਠੀ ਨੇ ਦੱਸਿਆ ਕਿ ਘਟਨਾ ਵਾਲੀ ਥਾਂ ਤੋਂ 25 ਤੋਂ 27 ਸਾਲ ਦੀ ਉਮਰ ਦੇ ਨੌਜਵਾਨ ਦੀ ਲਾਸ਼ ਬਰਾਮਦ ਹੋਈ। ਲਾਸ਼ ਦੀ ਤਲਾਸ਼ੀ ਦੌਰਾਨ ਜੇਬ ਵਿੱਚੋਂ ਇੱਕ ਬੈਗ ਮਿਲਿਆ। ਇਸ ਵਿੱਚ ਸਿਗਰੇਟ ਲਾਈਟਰ

ਅਤੇ ਈਅਰਫੋਨ ਸਨ। ਕੁਝ ਪਾਊਚ ਮਿਲੇ. ਜਿਸ ਉੱਤੇ ਵੀ ਉਰਦੂ ਲਿਪੀ ਵਿੱਚ ਲਿਖਿਆ ਹੋਇਆ ਸੀ।

---------------------------------------------------------------------

ਪੰਜਾਬ ਦੇ ਵੱਖ ਵੱਖ ਹਿੱਸਿਆਂ ਵਿਚ ਮਾਨਸੂਨ ਲਗਾਤਾਰ ਅੱਗੇ ਵਧ ਰਿਹਾ ਏ ਅਤੇ ਆਉਂਦੇ 3 ਦਿਨਾਂ ਵਿੱਚ ਸਮੁਚੇ ਸੂਬੇ ਤਕ ਪਹੁੰਚ ਜਾਵੇਗਾ। ਮੌਸਮ ਵਿਭਾਗ ਨੇ 7 ਜ਼ਿਲ੍ਹਿਆਂ ਪਠਾਨਕੋਟ, ਹੁਸ਼ਿਆਰਪੁਰ, ਨਵਾਂਸ਼ਹਿਰ, ਫਤਹਿਗੜ੍ਹਸਾਹਿਬ, ਰੂਪਨਗਰ, ਪਟਿਆਲਾ ਅਤੇ ਐਸ.ਏ.ਐਸ.ਨਗਰ ਵਿੱਚ ਭਾਰੀ ਮੀਂਹ ਸੰਬੰਧੀ ਆਰੇਂਜ ਅਲਰਟ ਜਦਕਿ ਗੁਰਦਾਸਪੁਰ, ਅੰਮ੍ਰਿਤਸਰ, ਕਪੂਰਥਲਾ, ਜਲੰਧਰ, ਲੁਧਿਆਣਾ, ਸੰਗਰੂਰ, ਮਲੇਰਕੋਟਲਾ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਇਸ ਦੌਰਾਨ ਭਾਵੇਂ ਤਾਪਮਾਨ ਵਿਚ ਕਾਫੀ ਕਮੀ ਆਈ ਏ, ਪਰ ਹੁੰਮਸ ਨੇ ਲੋਕਾਂ ਨੂੰ ਪਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ ਏ।